**ਫਰੀਦਾ ਤਨੁ ਸੁਕਾ ਪਿੰਜਰੁ ਥੀਆ ਤਲੀਆਂ ਖੂੰਡਹਿ ਕਾਗ ॥ ਅਜੈ ਸੁ ਰਬੁ ਨ ਬਾਹੁੜਿਓ ਦੇਖੁ ਬੰਦੇ ਕੇ ਭਾਗ ॥੯੦॥** {ਪੰਨਾ 1382}

ਪਦ ਅਰਥ :- ਥੀਆ—ਹੋ ਗਿਆ ਹੈ। ਪਿੰਜਰੁ ਥੀਆ —ਹੱਡੀਆਂ ਦੀ ਮੁੱਠ ਹੋ ਗਿਆ ਹੈ। ਖੂੰਡਹਿ—ਠੂੰਗ ਰਹੇ ਹਨ। ਕਾਗ—ਕਾਂ, ਵਿਕਾਰ, ਦੁਨੀਆਵੀ ਪਦਾਰਥਾਂ ਦੇ ਚਸਕੇ। ਅਜੈ—ਅਜੇ ਭੀ (ਜਦੋਂ ਕਿ ਸਰੀਰ ਦੁਨੀਆ ਦੇ ਭੋਗ ਭੋਗਿ ਭੋਗਿ ਕੇ ਆਪਣੀ ਸਤਿਆ ਭੀ ਗਵਾ ਬੈਠਾ ਹੈ )। ਨ ਬਾਹੁੜਿਓ—ਨਹੀਂ ਤੁੱਠਾ, ਤਰਸ ਨਹੀਂ ਕੀਤਾ।

ਅਰਥ:- ਹੇ ਫਰੀਦ! ਇਹ ਭੈੜਾ) ਸਰੀਰ (ਵਿਸ਼ੇ-ਵਿਕਾਰਾਂ ਵਿਚ ਪੈ ਪੈ ਕੇ ) ਡਾਢਾ ਮਾੜਾ ਹੋ ਗਿਆ ਹੈ, ਹੱਡੀਆਂ ਦੀ ਮੁੱਠ ਰਹਿ ਗਿਆ ਹੈ। (ਫਿਰ ਭੀ, ਇਹ) ਕਾਂ ਇਸ ਦੀਆਂ ਤਲੀਆਂ ਨੂੰ ਠੂੰਗੇ ਮਾਰੀ ਜਾ ਰਹੇ ਹਨ (ਭਾਵ, ਦੁਨੀਆਵੀ ਪਦਾਰਥਾਂ ਦੇ ਚਸਕੇ ਤੇ ਵਿਸ਼ੇ-ਵਿਕਾਰ ਇਸ ਦੇ ਮਨ ਨੂੰ ਚੋਭਾਂ ਲਾਈ ਜਾ ਰਹੇ ਹਨ)। ਵੇਖੋ, (ਵਿਕਾਰਾਂ ਵਿਚ ਪਏ) ਮਨੁੱਖ ਦੀ ਕਿਸਮਤ ਭੀ ਅਜੀਬ ਹੈ ਕਿ ਅਜੇ ਭੀ (ਜਦੋਂ ਕਿ ਇਸ ਦਾ ਸਰੀਰ ਦੁਨੀਆ ਦੇ ਵਿਸ਼ੇ ਭੋਗ ਭੋਗ ਕੇ ਆਪਣੀ ਸੱਤਿਆ ਭੀ ਗਵਾ ਬੈਠਾ ਹੈ) ਰੱਬ ਇਸ ਉਤੇ ਤ੍ਰੁੱਠਾ ਨਹੀਂ (ਭਾਵ, ਇਸ ਦੀ ਝਾਕ ਮਿਟੀ ਨਹੀਂ)। 90।

**ਕਾਗਾ ਕਰੰਗ ਢੰਢੋਲਿਆ ਸਗਲਾ ਖਾਇਆ ਮਾਸੁ ॥ ਏ ਦੁਇ ਨੈਨਾ ਮਤਿ ਛੁਹਉ ਪਿਰ ਦੇਖਨ ਕੀ ਆਸ ॥੯੧॥** {ਪੰਨਾ 1382}

ਪਦ ਅਰਥ:- ਕਾਗਾ—ਕਾਗਾਂ ਨੇ, ਕਾਵਾਂ ਨੇ, ਵਿਕਾਰਾਂ ਨੇ, ਦੁਨੀਆਵੀ ਪਦਾਰਥਾਂ ਦੇ ਚਸਕਿਆਂ ਨੇ। ਕਰੰਗ—ਪਿੰਜਰ, ਬਹੁਤ ਲਿੱਸਾ ਹੋਇਆ ਹੋਇਆ ਸਰੀਰ। ਸਗਲਾ—ਸਾਰਾ। ਮਤਿ ਛੁਹਉ—ਰੱਬ ਕਰ ਕੇ ਕੋਈ ਨਾਹ ਛੇੜੇ (ਵੇਖੋ, ਸ਼ਲੋਕ ਨੰ: 25 ਵਿਚ ਲਫ਼ਜ਼ 'ਭਿਜਉ', 'ਵਰਸਉ' ਅਤੇ 'ਤੁਟਉ')। ਆਸ—ਤਾਂਘ।

ਅਰਥ:- ਕਾਵਾਂ ਨੇ ਪਿੰਜਰ ਭੀ ਫੋਲ ਮਾਰਿਆ ਹੈ, ਅਤੇ ਸਾਰਾ ਮਾਸ ਖਾ ਲਿਆ ਹੈ (ਭਾਵ, ਦੁਨੀਆਵੀ ਪਦਾਰਥਾਂ ਦੇ ਚਸਕੇ ਤੇ ਵਿਸ਼ੇ-ਵਿਕਾਰ ਇਸ ਅੱਤ ਲਿੱਸੇ ਹੋਏ ਹੋਏ ਸਰੀਰ ਨੂੰ ਭੀ ਚੋਭਾਂ ਲਾਈ ਜਾ ਰਹੇ ਹਨ, ਇਸ ਭੈੜੇ ਸਰੀਰ ਦੀ ਸਾਰੀ ਸੱਤਿਆ ਇਹਨਾਂ ਨੇ ਖਿੱਚ ਲਈ ਹੈ )। ਰੱਬ ਕਰ ਕੇ ਕੋਈ ਵਿਕਾਰ (ਮੇਰੀਆਂ) ਅੱਖਾਂ ਅੱਖਾਂ ਨੂੰ ਨਾਹ ਛੇੜੇ , ਇਹਨਾਂ ਵਿਚ ਤਾਂ ਪਿਆਰੇ ਪ੍ਰਭੂ ਨੂੰ ਵੇਖਣ ਦੀ ਤਾਂਘ ਟਿਕੀ ਰਹੇ। 91।

**ਕਾਗਾ ਚੂੰਡਿ ਨ ਪਿੰਜਰਾ ਬਸੈ ਤ ਉਡਰਿ ਜਾਹਿ ॥ ਜਿਤੁ ਪਿੰਜਰੈ ਮੇਰਾ ਸਹੁ ਵਸੈ ਮਾਸੁ ਨ ਤਿਦੂ ਖਾਹਿ ॥੯੨॥** {ਪੰਨਾ 1382}

ਪਦ ਅਰਥ :- ਕਾਗਾ—ਹੇ ਕਾਂ ! ਹੇ ਦੁਨੀਆਵੀ ਪਦਾਰਥਾਂ ਦੇ ਚਸਕੇ ! ਚੂੰਡਿ ਨ —ਨਾਹ ਠੂੰਗ। ਪਿੰਜਰਾ—ਸੁੱਕਾ ਹੋਇਆ ਸਰੀਰ। ਬਸੈ —(ਜੇ) ਵੱਸ ਵਿਚ (ਹੈ), ਜੇ ਤੇਰੇ ਵੱਸ ਵਿਚ ਹੈ , ਜੇ ਤੂੰ ਕਰ ਸਕੇਂ। ਤ —ਤਾਂ। ਜਿਤੁ —ਜਿਸ ਵਿਚ। ਜਿਤੁ ਪਿੰਜਰੈ —ਜਿਸ ਸਰੀਰ ਵਿਚ । ਤਿਦੂ—ਉਸ ਸਰੀਰ ਵਿਚੋਂ।

ਅਰਥ:- ਹੇ ਕਾਂ! ਮੇਰਾ ਪਿੰਜਰ ਨਾਹ ਠੂੰਗ , ਜੇ ਤੇਰੇ ਵੱਸ ਵਿਚ (ਇਹ ਗੱਲ) ਹੈ ਤਾਂ (ਇਥੋਂ) ਉੱਡ ਜਾਹ, ਜਿਸ ਸਰੀਰ ਵਿਚ ਮੇਰਾ ਖਸਮ-ਪ੍ਰਭੂ ਵੱਸ ਰਿਹਾ ਹੈ, ਇਸ ਵਿਚੋਂ ਮਾਸ ਨਾਹ ਖਾਹ, (ਭਾਵ, ਹੇ ਵਿਸ਼ਿਆਂ ਦੇ ਚਸਕੇ! ਮੇਰੇ ਇਸ ਸਰੀਰ ਨੂੰ ਚੋਭਾਂ ਲਾਣੀਆਂ ਛੱਡ ਦੇਹ, ਤਰਸ ਕਰ, ਤੇ ਜਾਹ, ਖ਼ਲਾਸੀ ਕਰ। ਇਸ ਸਰੀਰ ਵਿਚ ਤਾਂ ਖਸਮ -ਪ੍ਰਭੂ ਦਾ ਪਿਆਰ ਵੱਸ ਰਿਹਾ ਹੈ , ਤੂੰ ਇਸ ਨੂੰ ਵਿਸ਼ੇ -ਭੋਗਾਂ ਵਲ ਪ੍ਰੇਰਨ ਦਾ ਜਤਨ ਨਾਹ ਕਰ)। 92।